**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।**
**(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)**

**<u>ਪਬਲਿਕ ਨੋਟਿਸ</u>**

ਨੰ:ਃ 381540 /5 ਮਿਤੀ 10-10-2023

1.0 ਸਿੱਖਿਆ ਵਿਭਾਗ ,ਪੰਜਾਬ ਵਿੱਚ ਈ.ਟੀ.ਟੀ.ਕਾਡਰ ਦੀਆਂ 6635 ਆਸਾਮੀਆਂ ਭਰਨ ਲਈ ਮਿਤੀ 30-07-2021 ਨੂੰ ਵਿਗਿਆਪਨ ਦਿੱਤਾ ਗਿਆ ਸੀ। ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ ਸਿਲੈਕਟ ਹੋਏ **765** ਯੋਗ ਉਮੀਦਵਾਰਾਂ ਦੀ ਕੈਟਾਗਰੀ ਵਾਈਜ ਚੋਣ ਸੂਚੀ ਮਿਤੀ 05-05-2023 ਨੂੰ ਪੋਰਟਲ ਤੇ ਅਪਲੋਡ ਕੀਤੀ ਗਈ ਸੀ। 765 ਅਸਾਮੀਆਂ ਵਿੱਚੋਂ ਕੁੱਲ 36 ਅਸਾਮੀਆਂ ਖਾਲੀ ਰਹਿ ਗਈਆਂ ਸਨ।

2.0 ਇਹਨਾਂ 36 ਅਸਾਮੀਆਂ ਨੂੰ ਭਰਨ ਲਈ ਮਿਤੀ 11-10-2023 ਤੋਂ ਆਨਲਾਈਨ ਪ੍ਰੋਸੈਸ ਰਾਹੀਂ ਵਿਭਾਗ ਦੇ ਪੋਰਟਲ ਤੇ ਸਟੇਸ਼ਨ ਚੋਣ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਇਹ ਪੋਰਟਲ ਮਿਤੀ 11-10-2023 ਤੋਂ 12-10-2023 ਤੱਕ ਖੁੱਲ੍ਹਾ ਰਹੇਗਾ। ਵਿਭਾਗ ਦੀ ਵੈਬਸਾਈਟ ਤੇ ਮੈਰਿਟ ਅਤੇ ਕੈਟਾਗਰੀ ਵਾਈਜ 36 ਯੋਗ ਉਮੀਦਵਾਰਾਂ ਦੀ ਸੂਚੀ ਅਪਲੋਡ ਕੀਤੀ ਜਾ ਚੁੱਕੀ ਹੈ। ਇਸ ਸੂਚੀ ਵਿਚਲੇ 36 ਯੋਗ ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸ਼ਡਿਊਲ ਅਨੁਸਾਰ ਆਪਣੀ ਪਸੰਦ ਦਾ ਸਟੇਸ਼ਨ ਚੋਣ ਕਰਨਾ ਯਕੀਨੀ ਬਣਾਇਆ ਜਾਵੇ। ਹਰੇਕ ਉਮੀਦਵਾਰ ਆਪਣੀ ਆਈ.ਡੀ. ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆ ਸਮੁੱਚੇ ਰੂਪ ਵਿੱਚ ਆਨ-ਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀ ਕਰਨਗੇ, ਉਹਨਾਂ ਨੂੰ ਖਾਲੀ ਰਹਿੰਦੇ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ MIS ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸਨੂੰ ਮੁੜ ਬਦਲਿਆ ਨਹੀਂ ਜਾਵੇਗਾ।

3.0 ਇਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਕਿਸੇ ਉਮੀਦਵਾਰ ਵੱਲੋਂ ਸਟੇਸ਼ਨ ਚੋਣ ਲਈ ਆਪਣੀ ਪਸੰਦ ਦੇ ਚੁਣੇ ਗਏ ਸਟੇਸ਼ਨਾਂ ਦੀ ਅਲਾਟਮੈਂਟ, ਉਸ ਤੋਂ ਹਾਇਰ ਮੈਰਿਟ ਵਾਲੇ ਉਮੀਦਵਾਰ ਨੂੰ ਹੋ ਜਾਂਦੀ ਹੈ (ਭਾਵ ਉਸ ਵੱਲੋਂ ਚੁਣੇ ਗਏ ਸਾਰੇ ਸਟੇਸ਼ਨ ਹੋਰ ਉਮੀਦਵਾਰਾਂ ਨੂੰ ਅਲਾਟ ਹੋ ਚੁੱਕੇ ਹੋਣਗੇ) ਤਾਂ ਅਜਿਹੀ ਸੂਰਤ ਵਿੱਚ ਉਸਨੂੰ ਵੀ ਖਾਲੀ ਰਹਿੰਦੇ ਸਟੇਸ਼ਨਾ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕ੍ਰਿਆ ਤਹਿਤ ਵਿਭਾਗ ਦੀ MIS ਸ਼ਾਖਾ ਵੱਲੋਂ ਅਲਾਟ ਹੋ ਜਾਵੇਗਾ।

4.0 ਇਸ ਤੋਂ ਇਲਾਵਾ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜੋ ਉਮੀਦਵਾਰ ਵਿਗਿਆਪਨ ਮਿਤੀ 30-07-2021 ਰਾਹੀਂ ਪਹਿਲਾਂ ਹੀ ਚੁਣੇ ਗਏ ਹਨ, ਅਤੇ ਵਿਭਾਗ ਵੱਲੋਂ ਪਹਿਲਾਂ ਹੀ ਉਹਨਾਂ ਨੂੰ ਨਿਯੁਕਤੀ ਪੱਤਰ ਜਾਰੀ ਕੀਤਾ ਜਾ ਚੁੱਕਾ ਹੈ ਅਤੇ ਹਾਜ਼ਰ ਹੋਣ ਉਪਰੰਤ ਸਰਕਾਰੀ ਨੌਕਰੀ ਵਿੱਚ ਬਤੌਰ ਈ.ਟੀ.ਟੀ ਕੰਮ ਕਰ ਰਹੇ ਹਨ, ਇਸ ਤਰ੍ਹਾਂ ਦੇ ਉਮੀਦਵਾਰਾਂ ਦਾ ਨਿਯੁਕਤੀ ਦਾ ਸਥਾਨ ਜੋ ਪਹਿਲਾਂ ਸੀ ਉਹੀ ਰਹੇਗਾ।

ਡਾਇਰੈਕਟਰ ਸਕੂਲ ਐਜੂਕੇਸ਼ਨ (ਐ.) ਪੰਜਾਬ